ਵੱਲ,

Principal,
Mahindra Public School,
Chak Fateh Singh Wala Bathinda.

ਨੰ: 950 ਮਿਤੀ: 02/05/2025

**ਵਿਸ਼ਾ: ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਵਿਸ਼ੇ ਅੰਕਿਤ ਸਕੂਲ ਦੀ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2025-26 ਲੈਣ ਲਈ ਆਪ ਵੱਲੋਂ ਇਸ ਦਫਤਰ ਵਿਖੇ ਪ੍ਰਾਪਤ ਹੋਇਆ ਹੈ। ਆਪਦੇ ਸਕੂਲ ਦੀ ਬਿਲਡਿੰਗ ਦੀ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋਂ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਨ੍ਹਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2025-26 ਦਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟਮਿਤੀ: 31.03.2026 ਤੱਕ ਜਾਰੀ ਕੀਤਾ ਜਾਂਦਾ ਹੈ:-

1 ਸਕੂਲ ਕੋਲ ਕਿਸੇ ਅਣਸੁਖਾਵੀਂ ਘਟਨਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿੱਚੋਂ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅੱਪਡੇਟ ਕਰਦੇ ਰਹਿਣਾ ਚਾਹੀਦਾ ਹੈ।

2 ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਦੀ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸ ਦਾ ਸੇਫਟੀ ਸ਼ਰਟੀਫਿਕੇਟ ਇਸ ਦਫਤਰ ਪਾਸੋਂ ਫਿਰ ਤੋਂ ਲਿਆ ਜਾਵੇ।

3 ਜੇਕਰ ਬਿਲਡਿੰਗ ਦੀਆਂ ਕੰਧਾਂ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।

4 ਸਬੰਧਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਸਰਟੀਫਿਕੇਟ, ਇਲੈਕਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।

5 ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜ਼ਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।

6 ਹੈਰੀਟੇਜ ਬਿਲਡਰਜ ਐਂਡ ਪਲਾਨਰ (Ar. Balwinder Singh Kullar) ਵੱਲੋਂ ਮਿਤੀ: 27.03.2024 ਨੂੰ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2025-26 ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ, ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੀ ਸਟਰੱਕਚਰ ਦੀ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।

7 ਸਕੂਲ ਨੂੰ ਸਟਾਫ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ, ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਲ ਹਨ।

8 ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਚਲਾਨ ਨੰ: 17201039 ਮਿਤੀ: 24.04.2025 ਰਾਹੀਂ ਦਸ ਹਜ਼ਾਰ ਰੁਪਏ ( 10,000/-) ਬਿਲਡਿੰਗ ਨਿਰੀਖਣ ਫੀਸ ਵਜੋਂ ਪ੍ਰਾਪਤ ਕੀਤੇ। ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ ਮਿਤੀ: 03.04.2026 ਤੱਕ ਵੈਲਿਡ ਹੈ ਅਤੇ ਸਕੂਲ ਪ੍ਰਬੰਧਨ ਸਮੇਂ ਸੀਮਾ ਅੰਦਰ ਫਾਇਰ ਸੇਫਟੀ ਸਰਟੀਫਿਕੇਟ ਰੀਨਿਊ ਕਰਵਾਉਣ ਲਈ ਜ਼ਿੰਮੇਵਾਰ ਹੋਵੇਗਾ।

9 ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।
ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 03.04.2026 ਤੱਕ ਵੈਲਿਡ ਹੈ।

ਨੱਥੀ/ ਨਕਸ਼ਾ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਬਠਿੰਡਾ।

ਮਿਤੀ:

ਪਿੱਠ ਅੰਕਣ ਨੰ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ ਪ੍ਰਾਂਤਕ ਉਪ ਮੰਡਲ ਨੰ:2 ਭਤੇਮ ਸ਼ਾਖਾ ਬਠਿੰਡਾ ਨੂੰ ਉਨ੍ਹਾਂ ਦੇ ਪੱਤਰ ਨੰ: 52 ਮਿਤੀ: 28.04.2025 ਦੇ ਸਬੰਧ ਵਿੱਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਦੀ ਸਿਫਾਰਿਸ਼ ਨੂੰ ਮੁੱਖ ਰੱਖਦੇ ਹੋਏ ਉਕਤ ਸਕੂਲ ਨੂੰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਬਠਿੰਡਾ।